# ਪ੍ਰੈਸ ਨੋਟ

## ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਇੱਕ ਵਿਅਕਤੀ ਨੂੰ 22 ਬੋਰ ਰਿਵਾਲਵਰ ਤੇ 2 ਜਿੰਦਾ ਕਾਰਤੂਸ ਸਮੇਤ ਕੀਤਾ ਕਾਬੂ।

ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਵੱਲੋਂ ਜਿਲ੍ਹਾ ਅੰਦਰ ਸ਼ਰਾਰਤੀ ਅਨਸਰਾਂ ਖਿਲਾਫ ਮੁਹਿੰਮ ਵਿੱਢੀ ਹੋਈ ਹੈ ਜਿਸ ਦੇ ਤਹਿਤ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆਂ ਦੁਆਰਾ ਜਿੱਥੇ ਸ਼ੱਕੀ ਪੁਰਸ਼ਾਂ ਦੇ ਟਿਕਾਣਿਆਂ ਤੇ ਸਰਚ ਅਪ੍ਰੈਸ਼ਨ ਚਲਾਏ ਜਾ ਰਹੇ ਹਨ ਉੱਥੇ ਹੀ ਰਾਤ ਦਿਨ ਨਾਕਾ ਬੰਦੀ ਕਰ ਚੈਕਿੰਗ ਕੀਤੀ ਜਾ ਰਹੀ ਹੈ ਇਸੇ ਤਹਿਤ ਜਿਲ੍ਹਾ ਪੁਲਿਸ ਵੱਲੋਂ ਇੱਕ ਵਿਅਕਤੀ ਨੂੰ 22 ਬੋਰ ਰਿਵਾਲਵਰ ਤੇ 2 ਕਾਰਤੂਸ ਜਿੰਦਾ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ।

ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਮੁਕਬਰ ਦੀ ਇਤਲਾਹ ਤੇ ਦੋਸ਼ੀ ਅਭਿਸ਼ੇਕ ਉਰਫ ਸ਼ਾਕਾ ਪੁੱਤਰ ਸਤਨਾਮ ਸਿੰਘ ਵਾਸੀ ਬੀੜ ਹਰਬੰਸਪੁਰਾ ਤਹਿਸੀਲ ਗੁਰੂਹਰਸਹਾਏ ਜਿਲ੍ਹਾ ਫਿਰੋਜਪੁਰ ਨੂੰ ਬਿਨਾਂ ਲਾਇਸੈਂਸ ਤੋਂ ਹਥਿਆਰ 22 ਬੋਰ ਰਿਵਾਲਵਰ ਤੇ 2 ਕਾਰਤੂਸ ਜਿੰਦਾ ਸਮੇਤ ਕਾਬੂ ਕੀਤਾ ਗਿਆ। ਜਿਸ ਤੇ ਪੁਲਿਸ ਵੱਲੋਂ ਮੁਕੱਦਮਾ ਨੰਬਰ 19 ਮਿਤੀ 29.01.2024 ਅ/ਧ 25/54/59 ਅਸਲਾ ਐਕਟ ਤਹਿਤ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵਿਖੇ ਦਰਜ਼ ਕਰ ਅਗਲੇਰੀ ਕਾਰਵਾਈ ਸ਼ੁਰੂ ਕੀਤੀ ਗਈ।